ਟੋਡੀ ਮਹਲਾ ੫ ॥ ਕ੍ਰਿਪਾ ਨਿਧਿ ਬਸਹੁ ਰਿਦੈ ਹਰਿ ਨੀਤ ॥ ਤੈਸੀ ਬੁਧਿ ਕਰਹੁ ਪਰਗਾਸਾ ਲਾਗੈ ਪ੍ਰਭ ਸੰਗਿ ਪ੍ਰੀਤਿ ॥ ਰਹਾਉ ॥ ਦਾਸ ਤੁਮਾਰੇ ਕੀ ਪਾਵਉ ਧੂਰਾ ਮਸਤਕਿ ਲੇ ਲੇ ਲਾਵਉ ॥ ਮਹਾ ਪਤਿਤ ਤੇ ਹੋਤ ਪੁਨੀਤਾ ਹਰਿ ਕੀਰਤਨ ਗੁਨ ਗਾਵਉ ॥੧॥ ਆਗਿਆ ਤੁਮਰੀ ਮੀਠੀ ਲਾਗਉ ਕੀਓ ਤੁਹਾਰੋ ਭਾਵਉ ॥ ਜੋ ਤੂ ਦੇਹਿ ਤਹੀ ਇਹੁ ਤ੍ਰਿਪਤੈ ਆਨ ਨ ਕਤਹੂ ਧਾਵਉ ॥੨॥ ਸਦ ਹੀ ਨਿਕਟਿ ਜਾਨਉ ਪ੍ਰਭ ਸੁਆਮੀ ਸਗਲ ਰੇਣ ਹੋਇ ਰਹੀਐ ॥ ਸਾਧੂ ਸੰਗਤਿ ਹੋਇ ਪਰਾਪਤਿ ਤਾ ਪ੍ਰਭੁ ਅਪੁਨਾ ਲਹੀਐ ॥੩॥ ਸਦਾ ਸਦਾ ਹਮ ਛੋਹਰੇ ਤੁਮਰੇ ਤੂ ਪ੍ਰਭ ਹਮਰੋ ਮੀਰਾ ॥ ਨਾਨਕ ਬਾਰਿਕ ਤੁਮ ਮਾਤ ਪਿਤਾ ਮੁਖਿ ਨਾਮੁ ਤੁਮਾਰੋ ਖੀਰਾ ॥੪॥੩॥੫॥ {ਪੰਨਾ 712-713}

ਪਦਅਰਥ:- ਕ੍ਰਿਪਾ ਨਿਧਿ—ਹੇ ਕਿਰਪਾ ਦੇ ਖ਼ਜ਼ਾਨੇ! ਰਿਦੈ—ਹਿਰਦੇ ਵਿਚ। ਨੀਤ—ਨਿੱਤ। ਕਰਹੁ ਪਰਗਾਸਾ—ਪਰਗਟ ਕਰੋ। ਸੰਗਿ—ਨਾਲ। ਰਹਾਉ।

ਪਾਵਉ—ਪਾਵਉਂ, ਮੈਂ ਹਾਸਲ ਕਰਾਂ। ਧੂਰਾ—ਚਰਨ-ਧੂੜ। ਮਸਤਕਿ—ਮੱਥੇ ਉਤੇ। ਲਾਵਉ—ਲਾਵਉਂ, ਮੈਂ ਲਾਵਾਂ। ਪਤਿਤ—ਵਿਕਾਰੀ। ਤੇ—ਤੋਂ। ਹੋਤ—ਹੋ ਜਾਂਦੇ ਹਨ। ਪੁਨੀਤਾ—ਪਵਿਤ੍ਰ। ਗਾਵਉ—ਮੈਂ ਗਾਵਾਂ, ਗਾਵਉਂ।1।

ਆਗਿਆ—ਹੁਕਮ, ਰਜ਼ਾ। ਲਾਗਉ—{ਹੁਕਮੀ ਭਵਿੱਖਤ, ਅੱਨ ਪੁਰਖ, ਇਕ-ਵਚਨ} ਲੱਗੇ। ਭਾਵਉ—{ਹੁਕਮੀ ਭਵਿੱਖਤ, ਅੱਨ ਪੁਰਖ, ਇਕ-ਵਚਨ} ਚੰਗੀ ਲੱਗੇ, ਪਸੰਦ ਆ ਜਾਏ। ਤਹੀ—ਉਸੇ ਵਿਚ। ਤ੍ਰਿਪਤੈ—ਰੱਜਿਆ ਰਹੇ। ਆਨ—{ANX} ਹੋਰ ਹੋਰ ਪਾਸੇ। ਆਨ ਕਤ ਹੂ—ਕਿਸੇ ਹੋਰ ਪਾਸੇ। ਧਾਵਉ—ਧਾਵਉਂ, ਮੈਂ ਦੌੜਾਂ।2।

ਸਦ—ਸਦਾ। ਨਿਕਟਿ—ਨੇੜੇ। ਜਾਨਉ—ਜਾਨਉਂ, ਮੈਂ ਜਾਣਾਂ। ਰੇਣ—ਚਰਨ-ਧੂੜ। ਹੋਇ—ਹੋ ਕੇ। ਲਹੀਐ—ਲੱਭ ਸਕੀਦਾ ਹੈ।3।

ਛੋਹਰੇ—ਬੱਚੇ। ਹਮਰੋ—ਸਾਡਾ। ਮੀਰਾ—ਮਾਲਕ। ਬਾਰਿਕ—ਬਾਲਕ। ਮੁਖਿ—ਮੂੰਹ ਵਿਚ। ਖੀਰਾ—ਦੁੱਧ।4।

ਅਰਥ:- ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਮੇਰੇ ਹਿਰਦੇ ਵਿਚ ਵੱਸਦਾ ਰਹੁ। ਹੇ ਪ੍ਰਭੂ! ਮੇਰੇ ਅੰਦਰ ਇਹੋ ਜਿਹੀ ਅਕਲ ਦਾ ਚਾਨਣ ਕਰ, ਕਿ ਤੇਰੇ ਨਾਲ ਮੇਰੀ ਪ੍ਰੀਤਿ ਬਣੀ ਰਹੇ। ਰਹਾਉ।

ਹੇ ਪ੍ਰਭੂ! ਮੈਂ ਤੇਰੇ ਸੇਵਕ ਦੀ ਚਰਨ-ਧੂੜ ਪ੍ਰਾਪਤ ਕਰਾਂ, (ਉਹ ਚਰਨ-ਧੂੜ) ਲੈ ਲੈ ਕੇ ਮੈਂ (ਆਪਣੇ)

ਮੱਥੇ ਉੱਤੇ ਲਾਂਦਾ ਰਹਾਂ। (ਹੇ ਪ੍ਰਭੂ! ਮੇਹਰ ਕਰ) ਮੈਂ ਤੇਰੀ ਸਿਫ਼ਤਿ-ਸਾਲਾਹ ਕਰਦਾ ਰਹਾਂ, ਮੈਂ ਤੇਰੇ ਗੁਣ ਗਾਂਦਾ ਰਹਾਂ। (ਜਿਸ ਦੀ ਬਰਕਤਿ ਨਾਲ) ਵੱਡੇ ਵੱਡੇ ਵਿਕਾਰੀਆਂ ਤੋਂ ਭੀ ਪਵਿਤ੍ਰ ਹੋ ਜਾਂਦੇ ਹਨ।1।

(ਹੇ ਪ੍ਰਭੂ! ਮੇਹਰ ਕਰ) ਮੈਨੂੰ ਤੇਰੀ ਰਜ਼ਾ ਮਿੱਠੀ ਲੱਗਦੀ ਰਹੇ, ਮੈਨੂੰ ਤੇਰਾ ਕੀਤਾ ਚੰਗਾ ਲੱਗਦਾ ਰਹੇ। ਜੋ ਕੁਝ ਤੂੰ ਮੈਨੂੰ ਦੇਂਦਾ ਹੈਂ, ਉਸੇ ਵਿਚ ਹੀ (ਮੇਰਾ) ਇਹ ਮਨ ਸੰਤੁਸ਼ਟ ਰਹੇ, ਮੈਂ ਕਿਸੇ ਭੀ ਹੋਰ ਪਾਸੇ ਭਟਕਦਾ ਨਾਹ ਫਿਰਾਂ।2।

ਹੇ ਮੇਰੇ ਮਾਲਕ-ਪ੍ਰਭੂ! ਮੈਂ ਤੈਨੂੰ ਸਦਾ ਆਪਣੇ ਨੇੜੇ (ਵੱਸਦਾ) ਜਾਣਦਾ ਰਹਾਂ। ਹੇ ਭਾਈ! ਸਭਨਾਂ ਦੇ ਚਰਨਾਂ ਦੀ ਧੂੜ ਬਣ ਕੇ ਰਹਿਣਾ ਚਾਹੀਦਾ ਹੈ। ਜਦੋਂ ਗੁਰੂ ਦੀ ਸੰਗਤਿ ਹਾਸਲ ਹੁੰਦੀ ਹੈ, ਤਦੋਂ ਆਪਣੇ ਪ੍ਰਭੂ ਨੂੰ ਲੱਭ ਲਈਦਾ ਹੈ।3।

ਹੇ ਨਾਨਕ! (ਆਖ—) ਹੇ ਪ੍ਰਭੂ! ਅਸੀਂ ਜੀਵ ਸਦਾ ਹੀ ਤੇਰੇ ਅੰਞਾਣ ਬੱਚੇ ਹਾਂ, ਤੂੰ ਸਾਡੀ ਮਾਂ ਹੈ ਸਾਡਾ ਪਿਉ ਹੈਂ (ਮੇਹਰ ਕਰ) ਤੇਰਾ ਨਾਮ ਸਾਡੇ ਮੂੰਹ ਵਿਚ ਰਹੇ (ਜਿਵੇਂ) ਮਾਪੇ ਆਪਣੇ ਬੱਚੇ ਦੇ ਮੂੰਹ ਵਿਚ ਦੁੱਧ (ਪਾਂਦੇ ਰਹਿੰਦੇ ਹਨ)।4।3।5।